# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 01-08-2024**

ਸ਼੍ਰੀ ਅਮਰਨਾਥ ਯਾਤਰਾ ਦੌਰਾਨ ਇਸ ਵਰ੍ਹੇ ਰਿਕਾਰਡ ਗਿਣਤੀ ਵਿਚ ਸ਼ਰਧਾਲੂ ਬਾਬਾ ਬਰਫਾਨੀ ਦੇ ਦਰਸ਼ਨ ਕਰਨ ਲਈ ਪਹੁੰਚੇ ਨੇ। ਪਿਛਲੇ ਵਰ੍ਹੇ 4 ਲੱਖ 45 ਹਜ਼ਾਰ ਸ਼ਰਧਾਲੂਆਂ ਦੇ ਮੁਕਾਬਲੇ ਇਸ ਸਾਲ ਹੁਣ ਤੱਕ 4 ਲੱਖ 71 ਹਜ਼ਾਰ ਤੋਂ ਵੱਧ ਸ਼ਰਧਾਲੂ ਪਵਿੱਤਰ ਸ਼੍ਰੀ ਅਮਰਨਾਥ ਗੁਫਾ ਦੇ ਦਰਸ਼ਨ ਕਰ ਚੁੱਕੇ ਨੇ। ਅਧਿਕਾਰੀਆਂ ਨੇ ਦੱਸਿਆ ਕਿ ਪਿਛਲੇ ਸਾਲ 4 ਲੱਖ 45 ਹਜ਼ਾਰ ਤੋਂ ਵੱਧ ਸ਼ਰਧਾਲੂਆਂ ਨੇ ਬਾਬਾ ਬਫਰਨੀ ਦੇ ਦਰਸ਼ਨ ਕੀਤੇ ਸਨ । ਇਸ ਦੌਰਾਨ ਅੱਜ ਸਵੇਰੇ ਸੁਰੱਖਿਆ ਕਾਫਲਿਆਂ ਦੀ ਨਿਗਰਾਨੀ ਹੇਠ ਜੰਮੂ ਦੇ ਭਗਵਤੀ ਨਗਰ ਯਾਤਰੀ ਨਿਵਾਸ ਤੋਂ 1 ਹਜ਼ਾਰ 295 ਸ਼ਰਧਾਲੂਆਂ ਦਾ ਇੱਕ ਹੋਰ ਜੱਥਾ ਘਾਟੀ ਲਈ ਰਵਾਨਾ ਹੋਇਆ।

---------------------------------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ

ਸਟਰੋਕ ਲਈ ਕ੍ਰਿਸ਼ਚੀਅਨ ਮੈਡੀਕਲ ਕਾਲਜ ਅਤੇ ਹਸਪਤਾਲ ਸੀ.ਐਮ.ਸੀ.ਐਚ. ਲੁਧਿਆਣਾ ਵਿਖੇ ਵਿਸ਼ਵ ਦੇ ਪਹਿਲੇ ਵਿਸ਼ਵ ਸਿਹਤ ਸੰਗਠਨ ਸਹਿਯੋਗ ਕੇਂਦਰ ਦਾ ਉਦਘਾਟਨ ਕੀਤਾ। ਇਸ ਮੌਕੇ ਤੇ ਇਕ ਇੱਕਠ ਨੂੰ ਸੰਬੋਧਨ ਕਰਦਿਆਂ ਉਨਾਂ ਕਿਹਾ ਕਿ ਸੂਬੇ ਲਈ ਇਹ ਮਾਣ ਵਾਲੀ ਗੱਲ ਏ ਕਿ ਇੱਥੇ ਸਟਰੋਕ ਦੇ ਖੇਤਰ ਵਿੱਚ ਅਜਿਹਾ ਇੱਕੋ ਇੱਕ ਕੇਂਦਰ ਏ। ਉਨ੍ਹਾਂ ਕਿਹਾ ਕਿ ਸੂਬੇ ਨੂੰ ਸਟਰੋਕ ਦੇ ਕੇਸਾਂ ਦੇ ਬੋਝ ਨੂੰ ਸੰਭਾਲਣ ਵਿੱਚ ਇੱਕ ਮਹੱਤਵਪੂਰਨ ਚੁਣੌਤੀ ਦਾ ਸਾਹਮਣਾ ਕਰਨਾ ਪੈਂਦਾ ਏ ਅਤੇ ਹਰ ਸਾਲ ਕੋਈ 40 ਹਜ਼ਾਰ ਨਵੇਂ ਕੇਸ ਦਰਜ ਹੁੰਦੇ ਨੇ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਸਿਹਤ ਵਿਭਾਗ ਸਰਕਾਰੀ ਹਸਪਤਾਲਾਂ ਦੇ ਡਾਕਟਰਾਂ ਤੇ ਨਰਸਾਂ ਨੂੰ ਸਟਰੋਕ ਦੀ ਦੇਖਭਾਲ ਲਈ ਸਿਖਲਾਈ ਦੇਣ ਲਈ ਕੇਂਦਰ ਦੀ ਮੁਹਾਰਤਾ ਦਾ ਲਾਭ ਲਵੇਗਾ, ਜਿਸ ਦਾ ਮੰਤਵ ਸਮੇਂ ਸਿਰ ਇਲਾਜ ਮੁਹੱਈਆ ਕਰਵਾ ਕੇ ਜਾਨਾਂ ਬਚਾਉਣਾ ਏ।

---------------------------------------------------------

ਦੇਸ਼ ਦੇ ਕਾਨੂੰਨ ਮੰਤਰੀ ਅਰਜੁਨ ਰਾਮ ਮੇਘਵਾਲ ਨਾਲ ਨਵੀਂ ਦਿੱਲੀ ਵਿੱਚ ਸਾਬਕਾ ਸੰਸਦ ਮੈਂਬਰ ਅਤੇ ਭਾਜਪਾ ਆਗੂ ਸੁਸ਼ੀਲ ਰਿੰਕੂ ਨੇ ਕਲ

ਇੱਕ ਸ਼ਿਸ਼ਟਾਚਾਰ ਮੀਟਿੰਗ ਕੀਤੀ। ਸੁਸ਼ੀਲ ਰਿੰਕੂ ਨੇ ਕਿਹਾ ਕਿ ਪੰਜਾਬ ਵਿੱਚ ਵਪਾਰੀ, ਦੁਕਾਨਦਾਰ, ਨੌਜਵਾਨ ਅਤੇ ਔਰਤਾਂ ਸਮੇਤ ਲੋਕ ਫਿਰੌਤੀ, ਨਸ਼ਾ ਤਸਕਰੀ, ਧੋਖਾਧੜੀ ਦੇ ਡਰ ਵਿੱਚ ਜੀਅ ਰਹੇ ਨੇ। ਇਸ ਨੂੰ ਰੋਕਣ ਲਈ ਪੰਜਾਬ ਸਰਕਾਰ ਪੂਰੀ ਤਰ੍ਹਾਂ ਨਾਕਾਮ ਰਹੀ ਏ। ਸੁਸ਼ੀਲ ਕੁਮਾਰ ਰਿੰਕੂ ਨੇ ਕਿਹਾ ਕਿ ਸੂਬਾ ਸਰਕਾਰ ਦੀਆਂ ਗੈਰ-ਜ਼ਿੰਮੇਵਾਰਾਨਾ ਕਾਰਵਾਈਆਂ ਕਾਰਨ ਲੋਕਾਂ ਦੀ ਬੇਵਸੀ ਨੂੰ ਦੇਖਦੇ ਹੋਏ ਭਾਰਤ ਸਰਕਾਰ ਨੂੰ ਤੁਰੰਤ ਸਖ਼ਤ ਕਾਰਵਾਈ ਕਰਨ ਦੀ ਅਪੀਲ ਕੀਤੀ ਗਈ। ਉਨ੍ਹਾਂ ਕਿਹਾ ਕਿ ਅਜਿਹੇ ਕੇਸ ਫਾਸਟ ਟਰੈਕ ਅਦਾਲਤਾਂ ਵਿੱਚ ਚਲਾਏ ਜਾਣ, ਦੋਸ਼ੀਆਂ ਲਈ ਉਮਰ ਕੈਦ ਅਤੇ ਫਾਂਸੀ ਦੀ ਸਜ਼ਾ ਦਾ ਕਾਨੂੰਨ ਲਾਗੂ ਕੀਤਾ ਜਾਵੇ ਤਾਂ ਜੋ ਔਰਤਾਂ, ਦੁਕਾਨਦਾਰਾਂ, ਉਦਯੋਗਪਤੀਆਂ ਅਤੇ ਪ੍ਰਾਪਰਟੀ ਵਪਾਰੀਆਂ ਨਾਲ ਵਾਪਰ ਰਹੀਆਂ ਘਟਨਾਵਾਂ ਨੂੰ ਨੱਥ ਪਾਈ ਜਾ ਸਕੇ।

---------------------------------------------------------

ਝੋਨੇ ਦੇ ਆਗਾਮੀ ਸੀਜਨ ਦੇ ਮੱਦੇਨਜ਼ਰ ਬਠਿੰਡਾ ਜ਼ਿਲ੍ਹੇ ਵਿਚ ਜ਼ੀਰੋ ਬਰਨਿੰਗ ਨੂੰ ਮੁੱਖ ਰਖਦਿਆਂ ਪਰਾਲੀ ਦੀ ਸੁਚੱਜੀ ਸਾਂਭ-ਸੰਭਾਲ ਅਤੇ

ਇਸ ਦੇ ਨਿਪਟਾਰੇ ਤੇ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਵਾਲੇ ਕਿਸਾਨਾਂ ਨੂੰ ਸਬ ਡਵੀਜ਼ਨ ਤੇ ਜ਼ਿਲ੍ਹਾ ਪੱਧਰ ’ਤੇ ਸਨਮਾਨਿਤ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ ਜਸਪ੍ਰੀਤ ਸਿੰਘ ਨੇ ਝੋਨੇ ਦੀ ਪਰਾਲੀ ਦੇ ਸਬੰਧ ਵਿਚ ਅਗਾਊਂ ਪ੍ਰਬੰਧਾਂ ਬਾਰੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਕੀਤੀ ਇਕ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਇਹ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਦੱਸਿਆ ਕਿ ਝੋਨੇ ਦੇ ਸੀਜਨ ਦੌਰਾਨ ਪਰਾਲੀ ਦੀ ਜ਼ੀਰੋ ਬਰਨਿੰਗ ਸਬੰਧੀ ਸਰਕਾਰ ਦਾ ਟੀਚਾ ਏ। ਜਿਸ ਤਹਿਤ ਅਧਿਕਾਰੀਆਂ ਨੂੰ ਹੁਕਮ ਦਿੱਤੇ ਨੇ ਕਿ ਹੁਣ ਤੋਂ ਹੀ ਇਸ ਸਬੰਧੀ ਹਰ ਤਰ੍ਹਾਂ ਦੇ ਢੁਕਵੇਂ ਪ੍ਰਬੰਧ ਅਤੇ ਹਰ ਸੰਭਵ ਉਪਰਾਲੇ ਕੀਤੇ ਜਾਣ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਪਰਾਲੀ ਦੀ ਸੁਚੱਜੀ ਸਾਂਭ-ਸੰਭਾਲ ਤੇ ਇਸ ਦੇ ਨਿਪਟਾਰੇ ਲਈ ਗੁਰੂ ਘਰਾਂ ’ਚ ਅਨਾਊਸਮੈਂਟਾਂ ਤੋਂ ਇਲਾਵਾ ਪਿੰਡਾਂ ’ਚ ਵੱਧ ਤੋਂ ਵੱਧ ਜਾਗਰੂਕਤਾ ਕੈਂਪ, ਨੁਕੜ ਨਾਟਕ ਤੇ ਮੋਬਾਇਲ ਵੈਨਾਂ ਰਾਹੀਂ ਪੈਂਫਲਟ ਵੰਡਣ ਅਤੇ ਦੀਵਾਰ ਪੇਂਟਿੰਗਾਂ ਕਰਨੀਆਂ ਯਕੀਨੀ ਬਣਾਈਆਂ ਜਾਣ।

----------------------------------------------------------------------

ਨੈਸ਼ਨਲ ਅਕੈਡਮੀ ਆਫ਼ ਐਗਰੀਕਲਚਰਲ ਸਾਇੰਸਜ਼ ਦੀ ਅਗਵਾਈ ਹੇਠ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਪਟਿਆਲਾ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਆਲੋਵਾਲ ਵਿਖੇ ਕਲ ਇੱਕ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਸ ਵਿੱਚ 52 ਵਿਦਿਆਰਥੀਆਂ ਸਮੇਤ ਸਕੂਲ ਦੇ ਅਧਿਆਪਕਾਂ ਨੇ ਸ਼ਮੂਲੀਅਤ ਕੀਤੀ। ਪ੍ਰੋਗਰਾਮ ਦੌਰਾਨ ਪ੍ਰੋਫੈਸਰ -ਕਮ- ਇੰਚਾਰਜ ਡਾ. ਗੁਰਉਪਦੇਸ਼ ਕੌਰ ਨੇ ਵਿਦਿਆਰਥੀਆਂ ਨੂੰ ਹੁਨਰ ਵਿਕਾਸ ਅਤੇ ਸਵੈ-ਰੁਜ਼ਗਾਰ ਸਬੰਧੀ ਜਾਣਕਾਰੀ ਦਿੰਦਿਆਂ ਇਨ੍ਹਾਂ ਖੇਤਰਾਂ ਵਿੱਚ ਪੈਦਾ ਹੁੰਦੀ ਸੰਭਾਵਨਾਵਾਂ ਬਾਰੇ ਦੱਸਿਆ ਅਤੇ ਕਿਹਾ ਕਿ ਇਨ੍ਹਾਂ ਖੇਤਰਾਂ ਵਿੱਚ ਅਥਾਹ ਮੌਕੇ ਨੇ, ਜਿਨ੍ਹਾਂ ਨੂੰ ਪਛਾਣ ਕੇ ਵਿਦਿਆਰਥੀ ਆਪਣਾ ਕਰੀਅਰ ਬਣਾ ਸਕਦੇ ਨੇ।

----------------------------------------------------------------------

ਬਰਨਾਲਾ ਦੇ ਜਿਲ੍ਹਾ ਤੇ ਸੈਸ਼ਨਜ਼ ਜੱਜ—ਸਹਿਤ—ਚੇਅਰਮੈਨ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਬੀ.ਬੀ.ਐੱਸ. ਤੇਜ਼ੀ ਨੇ ਜਿਲ੍ਹਾ ਜੇਲ੍ਹ ਦਾ ਦੌਰਾ

ਕੀਤਾ। ਸਕੱਤਰ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮਦਨ ਲਾਲ ਅਤੇ ਅਸਿਸਟੈਂਟ ਲੀਗਲ ਏਡ ਡਿਫੈਂਸ ਕੌਂਸਲ ਮਨਿੰਦਰ ਸਿੰਘ ਵੀ ਉਨਾਂ ਨਾਲ ਮੌਜੂਦ ਰਹੇ। ਉਨਾਂ ਜੇਲ੍ਹ ਬੰਦੀਆਂ ਨੂੰ ਆ ਰਹੀਆਂ ਮੁਸ਼ਕਿਲਾਂ ਦਾ ਜਾਇਜ਼ਾ ਲਿਆ ਅਤੇ ਹਰ ਸੰਭਵ ਮਦਦ ਦਾ ਭਰੋਸਾ ਦਵਾਇਆ। ਅਥਾਰਟੀ ਵੱਲੋਂ ਕੈਦੀਆਂ/ਹਵਾਲਾਤੀਆਂ ਨੂੰ ਦਿੱਤੀ ਜਾਣ ਵਾਲੀ ਮੁਫਤ ਕਾਨੂੰਨੀ ਸਹਾਇਤਾ ਸਕੀਮ ਬਾਰੇ ਵੀ ਜਾਣਕਾਰੀ ਦਿੱਤੀ ਗਈ ਅਤੇ ਹਾਈ ਕੋਰਟ ਤੇ ਸੁਪਰੀਮ ਕੋਰਟ ਵਿਚ ਅਪੀਲ ਕਰਨ ਦਾ ਤਰੀਕਾ ਅਤੇ ਲਿਮਿਟੇਸ਼ਨ ਪੀਰੀਅਡ ਬਾਰੇ ਜਾਗਰੂਕ ਕੀਤਾ ਗਿਆ। ਉਨ੍ਹਾਂ ਜੇਲ੍ਹ ਸੁਪਰਡੰਟ ਨੂੰ ਹਦਾਇਤ ਕੀਤੀ ਕਿ ਜਿਹੜਾ ਵੀ ਵਿਅਕਤੀ ਸਰਕਾਰੀ ਖਰਚੇ ਤੇ ਆਪਣੇ ਕੇਸ ਦੀ ਪੈਰਵਾਈ ਕਰਵਾਉਣਾ ਚਾਹੁੰਦਾ ਏ, ਉਸਦਾ ਫਾਰਮ ਭਰਕੇ ਦੋ ਦਿਨ ਦੇ ਅੰਦਰ ਅਥਾਰਟੀ ਦੇ ਦਫ਼ਤਰ ਵਿਖੇ ਭੇਜਣਾ ਯਕੀਨੀ ਬਣਾਇਆ ਜਾਵੇ। ਇਸ ਦੌਰੇ ਦੌਰਾਨ ਇੱਕ ਮੈਡੀਕਲ ਕੈਂਪ ਵੀ ਲਗਾਇਆ ਗਿਆ।

---------------------------------------------------------------

ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿਚ ਬੀਤੀ ਰਾਤ ਤੋਂ ਹੀ ਰੁਕ ਰੁਕ ਕੇ

ਹਲਕੇ ਤੋਂ ਦਰਮਿਆਨਾ ਮੀਂਹ ਪੈ ਰਿਹਾ ਏ । ਇਸ ਕਾਰਨ ਮੌਸਮ ਸੁਹਾਵਣਾ ਬਣਿਆ ਹੋਇਆ ਏ। ਮੌਸਮ ਵਿਭਾਗ ਨੇ ਅੱਜ ਵੀ 8 ਜ਼ਿਲ੍ਹਿਆਂ ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਹੁਸ਼ਿਆਰਪੁਰ, ਨਵਾਂਸ਼ਹਿਰ, ਬਰਨਾਲਾ, ਸੰਗਰੂਰ ਅਤੇ ਮਾਨਸਾ ਵਿੱਚ ਭਾਰੀ ਮੀਂਹ ਸੰਬੰਧੀ ਔਰੇਂਜ ਅਲਰਟ ਜਾਰੀ ਕੀਤਾ ਏ । ਹਾਲਾਂਕਿ ਸੂਬੇ ਭਰ 'ਚ ਆਰੇਂਜ ਤੇ ਯੈਲੋ ਅਲਰਟ ਦੇ ਬਾਵਜੂਦ ਬੀਤੇ ਕਲ ਜ਼ਿਆਦਾਤਰ ਜ਼ਿਲਿਆਂ 'ਚ ਮੀਂਹ ਨਹੀਂ ਪਿਆ । ਜਿਸ ਕਾਰਨ ਨਮੀ ਵਧ ਗਈ ਅਤੇ ਤਾਪਮਾਨ ਵਧ ਗਿਆ । ਜਲੰਧਰ ਅਤੇ ਆਲੇ ਦੁਆਲੇ ਦੇ ਇਲਾਕਿਆਂ ਵਿਚ ਵੀ ਤੜਕਸਾਰ ਤੋਂ ਹੀ ਹਲਕਾ ਮੀਂਹ ਪੈ ਰਿਹਾ ਏ । ਇਸ ਦੌਰਾਨ ਕਈ ਇਲਾਕਿਆਂ ਵਿਚ ਬਿਜਲੀ ਸਪਲਾਈ ਠੱਪ ਹੋਣ ਨਾਲ ਲੋਕਾਂ ਨੂੰ ਮੁਸ਼ਕਲ ਦਾ ਸਾਹਮਣਾ ਕਰਨਾ ਪੈ ਰਿਹਾ ਏ।